# ਦਫਤਰ , ਜਿਲ੍ਹਾ ਲੋਕ ਸੰਪਰਕ ਅਫਸਰ , ਕਪੂਰਥਲਾ

ਕਪੂਰਥਲਾ ਵਿਖੇ ਕੌਮਾਂਤਰੀ ਮਹਿਲਾ ਦਿਵਸ ਮੌਕੇ 8 ਵੱਖ-ਵੱਖ ਯੋਜਨਾਵਾਂ ਦੀ ਸੁਰੂਆਤ

ਔਰਤਾਂ ਦਾ ਨਰੋਏ ਸਮਾਜ ਦੀ ਸਿਰਜਣਾ ਤੇ ਦੇਸ਼ ਦੇ ਵਿਕਾਸ ਵਿਚ ਵੱਡਮੁੱਲਾ ਯੋਗਦਾਨ-ਚਾਬਾ

ਕਪੂਰਪਲਾ , 8 ਮਾਰਚ

ਕੌਮਾਂਤਰੀ ਮਹਿਲਾ ਦਿਵਸ ਮੌਕੇ ਕਪੂਰਥਲਾ ਜਿਲ੍ਹੇ ਵਿਚ ਵੀ ਪੰਜਾਬ ਸਰਕਾਰ ਦੀਆਂ 8 ਨਿਵੇਕਲੀਆਂ ਮਹਿਲਾ ਪੱਖੀ ਯੋਜਨਾਵਾਂ ਦੀ ਸ਼ੁਰੂਆਤ ਕੀਤੀ ਗਈ ।

ਇਸ ਸਬੰਧੀ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਏ ਸਮਾਗਮ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਰਾਹੁਲ ਚਾਬਾ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਐਸ ਪੀ ਆਂਗਰਾ, ਜਿਲ੍ਹਾ ਪ੍ਰੀਸ਼ਦ ਦੀ ਚੇਅਰਪਰਸਨ ਕਮਲੇਸ਼ ਰਾਣੀ, ਐਸ.ਡੀ.ਐਮ. ਵਰਿੰਦਰਪਾਲ ਸਿੰਘ ਬਾਜਵਾ, ਬਲਾਕ ਕਾਂਗਰਸ ਦਿਹਾਤੀ ਦੇ ਪ੍ਰਧਾਨ ਅਮਰਜੀਤ ਸਿੰਘ ਸੈਦੋਵਾਲ ਤੇ ਹੋਰ ਅਧਿਕਾਰੀਆਂ ਨੇ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਵਲੋਂ ਇਨ੍ਹਾਂ ਯੋਜਨਾਵਾਂ ਦੀ ਸੁਰੂਆਤ ਸਬੰਧੀ ਹੋਏ ਸਮਾਗਮ ਵਿਚ ਆਨਲਾਇਨ ਤਰੀਕੇ ਰਾਹੀਂ ਭਾਗ ਲਿਆ ।

ਪੰਜਾਬ ਸਰਕਾਰ ਵਲੋਂ ਜੋ ਪਹਿਲਕਦਮੀਆਂ ਅੱਜ ਕੀਤੀਆਂ ਗਈਆਂ ਉਨ੍ਹਾਂ ਵਿਚ ਔਰਤਾਂ ਲਈ ਰੁਜ਼ਗਾਰ ਦੇ ਮੌਕੇ ਵਧਾਉਣ ਤੇ ਉਨ੍ਹਾਂ ਦੀ ਸ਼ਨਾਖਤ ਲਈ ਟੈਕਸ਼ਿਕਸ਼ਾ ਮੁਕਾਬਲੇ ਦੀ ਸ਼ੁਰੂਆਤ , ਹੁਨਰ ਸਿਖਲਾਈ ਨੂੰ ਉਤਸ਼ਾਹਿਤ ਕਰਨ ਲਈ ਫਿਊਲ ਸੰਸਥਾ ਨਾਲ ਸਮਝੌਤਾ , ਸਾਂਝੀ ਸ਼ਕਤੀ ਹੈਲਪ ਡੈਸਕ ਅਤੇ ਸਾਂਝ ਸਕਤੀ 181 ਹੈਲਪਲਾਇਨ ਦਾ ਉਦਘਾਟਨ , ਅਨੀਮੀਆ ਦੇ ਖਾਤਮੇ ਲਈ ਪ੍ਰੋਗਰਾਮ ਆਦਿ ਪ੍ਰਮੁੱਖ ਹਨ ।

ਇਸ ਮੌਕੇ ਅਧਿਕਾਰੀਆਂ ਨੇ  ਸਮੂਹ ਮਹਿਲਾ ਵਰਗ ਨੂੰ ਕੌਮਾਂਤਰੀ ਮਹਿਲਾ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਾਡੇ ਗੁਰੂ ਸਾਹਿਬਾਨਾਂ ਨੇ ਔਰਤ ਨੂੰ ਸਮਾਜ ਦੀ ਜਨਣੀ ਕਰਾਰ ਦਿੰਦਿਆਂ ਉਸਨੂੰ ਸਭ ਤੋਂ ਉੱਪਰ ਦਾ ਦਰਜਾ ਦਿੱਤਾ ਹੈ, ਜਿਸਦੇ ਨਤੀਜੇ ਵਜੋਂ ਅੱਜ ਔਰਤਾਂ ਦਾ ਨਰੋਏ ਸਮਾਜ ਦੀ ਸਿਰਜਣਾ ਤੇ ਦੇਸ ਦੇ ਵਿਕਾਸ ਵਿਚ ਯੋਗਦਾਨ ਬਹੁਤ ਅਹਿਮ ਹੈ । ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਔਰਤਾਂ ਤੇ ਵਿਸੇਸ ਕਰਕੇ ਵਿਦਿਆਰਥਣਾਂ ਲਈ ਅਨੇਕਾਂ ਯੋਜਨਾਵਾਂ ਦੀ ਸੁਰੂਆਤ ਕੀਤੀ ਗਈ ਹੈ, ਜਿਸਦਾ ਲਾਭ ਲੈਣਾ ਚਾਹੀਦਾ ਹੈ ।

ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਸਮਾਗਮ ਜਿਲ੍ਹੇ ਵਿਚ ਵੱਖ-ਵੱਖ ਥਾਵਾਂ ' ਤੇ ਹੋਇਆ ਜਿੱਥੇ ਵੱਡੀ ਗਿਣਤੀ ਵਿਚ ਲੋਕਾਂ ਨੇ ਆਨਲਾਇਨ ਤਰੀਕੇ ਭਾਗ ਲਿਆ।

ਇਸ ਮੌਕੇ ਜਿਲ੍ਹਾ ਪ੍ਰੋਗਰਾਮ ਅਫਸਰ ਸ੍ਰੀਮਤੀ ਸਨੇਹ ਲਤਾ ਤੇ ਹੋਰਨਾਂ ਅਧਿਕਾਰੀਆਂ ਨੇ ਭਾਗ ਲਿਆ।

ਕੈਪਸਨ- ਕਪੂਰਥਲਾ ਦੇ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕੌਮਾਂਤਰੀ ਮਹਿਲਾ ਦਿਵਸ ਸਬੰਧੀ ਹੋਏ ਸਮਾਗਮ ਦੀ ਤਸਵੀਰ।




